# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-11-2024**

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹੈ ਕਿ ਅਗਲੇ ਸਾਲ ਜਨਵਰੀ ਤਕ, ਪਾਕਿਸਤਾਨ ਨਾਲ ਲਗਦੀ ਸਰਹੱਦ 'ਤੇ ਐਂਟੀ ਡਰੋਨ ਸਿਸਟਮ ਲਾਏ ਜਾਣਗੇ।
- ਪੰਜਾਬ ਦੇ ਮੁੱਖ ਮੰਤਰੀ ਭਗਵਾਨ ਸਿੰਘ ਮਾਨ ਕਲ ਲੁਧਿਆਣਾ ਵਿਖੇ 10 ਹਜ਼ਾਰ ਤੋਂ ਵੱਧ ਸਰਪੰਚਾਂ ਨੂੰ ਅਹੁਦੇ ਦਾ ਹਲਫ਼ ਦਿਵਾਉਣਗੇ।
- ਪੰਜਾਬ ਸਰਕਾਰ ਨੇ ਡੀ.ਏ.ਪੀ. ਦੀ ਜਮ੍ਹਾਂਖੋਰੀ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਫਿਰੋਜ਼ਪੁਰ ਦਾ ਮੁੱਖ ਖੇਤੀਬਾੜੀ ਅਧਿਕਾਰੀ ਮੁਅੱਤਲ ਕੀਤਾ।

- ਪੂਜਾ ਦੇ ਤੀਜੇ ਦਿਨ ਅਜੱ ਸ਼ਰਧਾਲੂਆਂ ਨੇ, ਡੁੱਬਦੇ ਸੂਰਜ ਨੂੰ ਅਰਘ ਦਿੱਤਾ -ਰਾਸ਼ਟਰਪਤੀ, ਉਪ-ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਮੌਕੇ ਲੋਕਾਂ ਨੂੰ ਵਧਾਈ ਦਿੱਤੀ।

---------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਅਗਲੇ ਸਾਲ ਜਨਵਰੀ ਤਕ, ਪਾਕਿਸਤਾਨ ਨਾਲ ਲਗਦੀ ਸਰਹੱਦ 'ਤੇ ਐਂਟੀ ਡਰੋਨ ਸਿਸਟਮ ਲਾ ਦਿੱਤੇ ਜਾਣਗੇ। ਅੱਜਅਮ੍ਰਿਤਸਰ 'ਚ ਗੁਰੂ ਨਾਨਕ ਦੇਵ ਯੂਨਿਵਰਸਿਟੀ ਵਿਖੇ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਹਨਾਂ ਕਿਹਾ ਕਿ ਡਰੋਨ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ, ਇੱਕ ਵੱਡੀ ਸਮਸਿਆ ਏ ਅਤੇ ਇਸ ਨਾਲ ਨਜਿਠਣ ਲਈ, ਕੇਂਦਰ ਸਰਕਾਰ ਵੱਲੋਂ ਇਹ ਤਕਨੀਕ ਲਾਈ ਜਾਏਗੀ। ਰਾਜਪਾਲ, ਜੋ ਕਿ ਪਿਛਲੇ ਤਿੰਨ ਦਿਨਾਂ ਤੋਂ ਸਰਹੱਦੀ ਪਿੰਡਾਂ ਦਾ ਦੌਰਾ ਕਰ ਰਹੇ ਨੇ, ਦੱਸਿਆ ਕਿ ਪਿਛਲੇ ਰਾਜਪਾਲ ਵੱਲੋਂ ਪੇਂਡੂ ਸੁਰਖਿਆ ਕਮੇਟੀਆਂ ਦਾ ਗਠਨ ਕੀਤਾ ਗਿਆ ਸੀ, ਜੋ ਕਿ ਇੱਕ ਬੇਹਦ ਸਾਰਥਕ ਉਪਰਾਲਾ ਏ, ਜਿਸ ਨਾਲ ਤਸਕਰਾਂ ਅਤੇ ਹੋਰਨਾਂ ਅਪਰਾਧੀਆਂ ਨੂੰ ਕਾਬੂ

ਕਰਨ ‘ਚ ਮਦਦ ਮਿਲ ਰਹੀ ਏ। ਓਹਨਾਂ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕ, ਨੌਜੁਆਨਾਂ ਲਈ ਰੁਜ਼ਗਾਰ ਨੂੰ ਲੈਕੇ ਕਾਫੀ ਚਿੰਤਿਤ ਨੇ ਜਿਸ ਲਈ ਪਿੰਡਾਂ ‘ਚ ਹੁਨਰ ਵਿਕਾਸ ਕੇਂਦਰ ਅਤੇ ਖੇਡ ਸਟੇਡੀਅਮ ਬਣਾਏ ਜਾਣੇ ਚਾਹੀਦੇ ਨੇ। ਇੱਕ ਸਵਾਲ ਦੇ ਜਵਾਬ ‘ਚ ਓਹਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਝੋਨੇ ਦੀ ਚੁਕਾਈ ਲਈ ਕੀਤੇ ਗਏ ਪ੍ਰਬੰਧ ਨਾਕਾਫੀ ਸਾਬਿਤ ਹੋਏ ਨੇ, ਜਿਸ ਕਾਰਣ ਕਿਸਾਨਾਂ ਨੂੰ ਮੰਡੀਆਂ ‘ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੇ ਇਸ ਤਿੰਨ ਦਿਨਾ ਦੌਰੇ ਦੌਰਾਨ, ਸਰਹੱਦੀ ਤਾਰੋਂ ਪਾਰ ਜ਼ਮੀਨ ਵਾਲੇ ਕਿਸਾਨਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ।

------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵਾਨ ਸਿੰਘ ਮਾਨ ਭਲਕੇ ਲੁਧਿਆਣਾ ਦੇ ਪਿੰਡ ਧਨਾ-ਨਸੂ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ ਨਵੇਂ ਚੁਣੇ ਸਰਪੰਚਾਂ ਨੂੰ ਅਹੁਦੇ ਦਾ ਹਲਫ਼ ਦਿਵਾਉਣਗੇ। ਸੂਬਾ ਸਰਕਾਰ ਦਾ ਇਹ ਨਿਵੇਕਲੀ ਕਿਸਮ ਦਾ ਸਮਾਗਮ ਹੇਠਲੇ ਪੱਧਰ ਉਤੇ ਜਮਹੂਰੀਅਤ ਨੂੰ ਹੋਰ ਮਜ਼ਬੂਤ ਕਰੇਗਾ ਕਿਉਂਕਿ ਪੰਚਾਇਤਾਂ ਨੂੰ ‘ਜਮਹੂਰੀਅਤ ਦੇ ਥੰਮ’ ਵਜੋਂ ਜਾਣਿਆ

ਜਾਂਦਾ ਏ । ਸਮਾਗਮ ਦੌਰਾਨ ਸੂਬੇ ਵਿੱਚ ਹਾਲ ਹੀ ਵਿੱਚ ਹੋਈਆਂ ਪੰਚਾਇਤੀ ਚੋਣਾਂ ਵਿੱਚ, ਸੂਬੇ ਭਰ ਦੇ 23 ਜ਼ਿਲ੍ਹਿਆਂ ਵਿੱਚ ਨਵੀਆਂ ਚੁਣੀਆਂ 13 ਹਜ਼ਾਰ 147 ਗਰਾਮ ਪੰਚਾਇਤਾਂ ਵਿੱਚੋਂ, 19 ਜ਼ਿਲ੍ਹਿਆਂ ਦੇ 10 ਹਜ਼ਾਰ 31 ਸਰਪੰਚਾਂ ਨੂੰ ਮੁੱਖ ਮੰਤਰੀ ਵੱਲੋਂ ਅਹੁਦੇ ਦਾ ਹਲਫ਼ ਦਿਵਾਇਆ ਜਾਵੇਗਾ। ਬਾਕੀ ਚਾਰ ਜ਼ਿਲ੍ਹਿਆਂ ਸ੍ਰੀ ਮੁਕਤਸਰ ਸਾਹਿਬ, ਹੁਸ਼ਿਆਰਪੁਰ, ਬਰਨਾਲਾ ਅਤੇ ਗੁਰਦਾਸਪੁਰ ਦੇ ਸਰਪੰਚਾਂ ਅਤੇ 23 ਜ਼ਿਲ੍ਹਿਆਂ ਦੇ 81 ਹਜ਼ਾਰ 808 ਨਵੇਂ ਚੁਣੇ ਪੰਚਾਂ ਨੂੰ, ਚਾਰ ਵਿਧਾਨ ਸਭਾ ਹਲਕਿਆਂ ਗਿੱਦੜਬਾਹਾ, ਚੱਬੇਵਾਲ, ਬਰਨਾਲਾ ਅਤੇ ਡੇਰਾ ਬਾਬਾ ਨਾਨਕ ਦੀਆਂ ਜ਼ਿਮਨੀ ਚੋਣਾਂ ਤੋਂ ਬਾਅਦ ਸਹੁੰ ਚੁਕਾਈ ਜਾਵੇਗੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਸਮਾਗਮ ਦੀ ਸਫਲਤਾ ਲਈ ਢੁਕਵੇਂ ਇਤਜ਼ਾਮ ਕੀਤੇ ਗਏ ਨੇ ਕਿਉਂ ਜੋ ਇਸ ਸਮਾਗਮ ਵਿੱਚ ਸੂਬਾ ਭਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਪੰਚਾਇਤੀ ਨੁਮਾਇੰਦੇ ਤੇ ਹੋਰ ਲੋਕ ਸ਼ਿਰਕਤ ਕਰ ਰਹੇ ਨੇ । ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਪਹੁੰਚ ਰਹੇ ਲੋਕਾਂ ਦੀ ਸਹੂਲਤ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਟ੍ਰੈਫਿਕ ਦੀ ਸੁਚਾਰੂ

ਵਿਵਸਥਾ, ਵਾਹਨਾਂ ਦੀ ਪਾਰਕਿੰਗ ਅਤੇ ਹੋਰ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਹੁਕਮ ਜਾਰੀ ਕੀਤੇ ਜਾ ਚੁੱਕੇ ਨੇ ਤਾਂ ਕਿ ਦੂਰ-ਨੇੜੇ ਤੋਂ ਪਹੁੰਚਣ ਵਾਲੇ ਲੋਕ ਸੁਖਾਲੇ ਢੰਗ ਨਾਲ ਸਮਾਗਮ ਵਾਲੀ ਥਾਂ ਉਤੇ ਪਹੁੰਚ ਸਕਣ।

-------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ, ਅੱਜ ਕੌਮੀ ਖੁਰਾਕ ਸੁਰੱਖਿਆ ਐਕਟ ਅਧੀਨ ਚਲਾਈਆਂ ਜਾ ਰਹੀਆਂ ਲਾਭਕਾਰੀ ਯੋਜਨਾਵਾਂ ਦਾ ਮੁਲਾਂਕਣ ਕਰਨ ਲਈ ਜ਼ਿਲ੍ਹਾ ਮੁਹਾਲੀ ਦੇ ਬਲਾਕ ਡੇਰਾਬੱਸੀ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰੇ ਦਾ ਉਦੇਸ਼, ਭੋਜਨ ਅਤੇ ਪੋਸ਼ਣ ਸੰਬੰਧੀ ਸੇਵਾਵਾਂ ਪ੍ਰਦਾਨ ਕਰਨ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣਾ ਏ ।ਸ੍ਰੀ ਦੱਤ ਨੇ ਡੇਰਾਬੱਸੀ ਦੇ ਸਰਕਾਰੀ ਸੀਨੀਅਰ ਸੈਕੰਡਰੀ , ਸਰਕਾਰੀ ਪ੍ਰਾਇਮਰੀ ਸਕੂਲ, ਪਿੰਡ ਸੀਤਾਬਗੜ੍ਹ ਦੇ ਸਰਕਾਰੀ ਐਲੀਮੈਂਟਰੀ ਸਕੂਲ ਅਤੇ ਆਂਗਣਵਾੜੀ ਕੇਂਦਰ ਦਾ ਨਿਰੀਖਣ ਕੀਤਾ। ਇਸ ਦੌਰਾਨ ਦੇਖਿਆ ਗਿਆ ਕਿ ਸੀਤਾਬ-ਗੜ੍ਹ ਦੇ

ਆਂਗਣਵਾੜੀ ਕੇਂਦਰ ਨੂੰ ਕੰਮ ਦੇ ਸਮੇਂ ਦੌਰਾਨ ਤਾਲਾ ਲੱਗਿਆ ਹੋਇਆ ਸੀ। ਇਸ ਤੋਂ ਇਲਾਵਾ, ਬਹੁਤ ਸਾਰੇ ਸਕੂਲਾਂ ਨੇ ਕਮਿਸ਼ਨ ਦਾ ਸ਼ਿਕਾਇਤ ਨੰਬਰ ਨਹੀਂ ਦਰਸਾਇਆ  ਜੋ ਲਾਜ਼ਮੀ ਏ । ਇਹਨਾਂ ਕਮੀਆਂ ਦੇ ਜਵਾਬ ਵਿੱਚ, ਦੱਤ ਨੇ ਜ਼ਿਲ੍ਹਾ ਸ਼ਿਕਾਇਤ ਨਿਵਾਰਣ ਅਫਸਰ ਨੂੰ ਇੱਕ ਨੋਟਿਸ ਜਾਰੀ ਕਰਕੇ ਤੁਰੰਤ ਸੁਧਾਰਾਤਮਕ ਕਾਰਵਾਈਆਂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕਿਹਾ ਕਿ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

-------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਨਿਰਦੇਸ਼ਾਂ ਉਤੇ ਫਿਰੋਜ਼ਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਜਗੀਰ ਸਿੰਘ ਨੂੰ ਡਿਊਟੀ ਵਿੱਚ ਕੁਤਾਹੀ ਅਤੇ ਅਣਗਹਿਲੀ ਵਰਤਣ ਦੇ ਦੋਸ਼ ਵਿੱਚ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਗਿਆ ਏ । ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਨੁਰਾਗ ਵਰਮਾ ਵੱਲੋਂ ਇਸ ਮੁੱਖ ਖੇਤੀਬਾੜੀ ਅਫਸਰ ਖ਼ਿਲਾਫ਼ ਕਾਰਵਾਈ ਫਿਰੋਜ਼ਪੁਰ ਦੇ

ਡਿਪਟੀ ਕਮਿਸ਼ਨਰ ਦੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਏ ।ਇਹ ਮੁੱਖ ਖੇਤੀਬਾੜੀ ਅਫ਼ਸਰ ਆਪਣੀ ਮੁਅੱਤਲੀ ਦੌਰਾਨ ਐਸ.ਏ.ਐਸ. ਨਗਰ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਦੇ ਦਫ਼ਤਰ ਵਿੱਚ ਰਿਪੋਰਟ ਕਰੇਗਾ । ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਨੇ ਵਧੀਕ ਮੁੱਖ ਸਕੱਤਰ ਦੇ ਧਿਆਨ ਵਿੱਚ ਲਿਆਂਦਾ ਸੀ ਕਿ ਐਸ.ਡੀ.ਐਮ. ਦੀ ਅਗਵਾਈ ਵਿੱਚ ਇੱਕ ਟੀਮ ਵੱਲੋਂ ਫਿਰੋਜ਼ਪੁਰ ਵਿੱਚ ਗੋਦਾਮਾਂ ਦੀ ਚੈਕਿੰਗ ਦੌਰਾਨ ਲਗਭਗ 3 ਹਜ਼ਾਰ 236 ਬੋਰੀਆਂ ਡੀ.ਏ.ਪੀ. ਖਾਦ ਗੈਰ-ਕਾਨੂੰਨੀ ਢੰਗ ਨਾਲ ਭੰਡਾਰ ਕੀਤੀ ਪਾਈ ਗਈ ਸੀ। ਇਸ ਮਾਮਲੇ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਵੀ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਨੂੰ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ। ਇਹ ਮੁੱਦਾ ਇਸ ਲਈ ਵੀ ਬੇਹੱਦ ਗੰਭੀਰ ਏ ਕਿਉਂਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਡੀ.ਏ.ਪੀ. ਖਾਦ ਦੀ ਜਮ੍ਹਾਂਖੋਰੀ ਨੂੰ ਰੋਕਣ ਲਈ ਚੈਕਿੰਗ ਕਰਨ ਵਾਸਤੇ ਸਾਰੇ ਮੁੱਖ ਖੇਤੀਬਾੜੀ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹੋਈਆਂ ਨੇ । ਵਧੀਕ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੇ ਗ਼ੈਰ-ਕਾਨੂੰਨੀ ਮਾਮਲੇ ਵਿੱਚ

ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਅਜਿਹੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

---------------------------------------------------

ਚਲ ਰਹੀ ਛਠ ਪੂਜਾ ਦੇ ਤੀਜੇ ਦਿਨ ਅਜੱ ਸ਼ਰਧਾਲੂਆਂ ਨੇ, ਦਰਿਆਵਾਂ ਦੇ ਕੰਢੇ ‘ਤੇ ਵਖ – ਵਖ ਘਟਾਂ ‘ਤੇ ਡੁੱਬਦੇ ਸੂਰਜ ਨੂੰ ਅਰਘ ਦਿੱਤਾ। ਵੱਡੀ ਗਿਣਤੀ ‘ਚ ਸ਼ਰਧਾਲੂਆਂ ਨੇ ਜਲ ਸਰੋਤਾਂ, ਜਲ ਭੰਡਾਰਾਂ ਅਤੇ ਆਪਣੀਆਂ ਛਤਾਂ ‘ਤੇ ਅਸਥਾਈ ਜਲ ਪ੍ਰਬੰਧਾਂ ‘ਤੇ ਰਸਮ ਅਦਾ ਕੀਤੀ। ਇਹ ਚਾਰ ਦਿਨਾ ਤਿਉਹਾਰ, ਭਲਕੇ ਸਵੇਰੇ, ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਸੰਪੂਰਨ ਹੋਏਗਾ। ਰਾਸ਼ਟਰਪਤੀ, ਉਪ -ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਛਠ ਪੂਜਾ ਦੇ ਮੌਕੇ ‘ਤੇ ਲੋਕਾਂ ਨੂੰ ਵਧਾਈ ਦਿੱਤੀ ਏ । **ਇਸ ਮੌਕੇ ਆਪਣੇ ਸੰਦੇਸ਼ ‘ਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ** ਛਠ ਪੂਜਾ, ਦੇਸ਼ ਦੇ ਸਭ ਤੋਂ ਪੁਰਾਣੇ ਤਿਉਹਾਰਾਂ ਵਿਚੋਂ ਇੱਕ ਏ ਅਤੇ ਸੂਰਜ ਦੇਵਤਾ ਦੀ ਪੂਜਾ ਕਰਨ ਦਾ ਇੱਕ ਮੌਕਾ ਏ। ਰਾਸ਼ਟਰਪਤੀ ਮੁਰਮੂ ਨੇ ਇਹ ਵੀ ਕਿਹਾ ਕਿ ਇਹ ਤਿਉਹਾਰ, ਦਰਿਆਵਾਂ ਅਤੇ ਤਲਾਬਾਂ ਦਾ ਸਨਮਾਨ ਕਰਦਾ ਏ

ਜੋ ਕੁਦਰਤ ਦੇ ਵਿਲਖਣ ਤੂਹਫੇ ਨੇ। ਓਹਨਾਂ ਕਿਹਾ ਕਿ ਇਹ ਤਿਓਹਾਰ, ਲੋਕਾਂ ਨੂੰ ਚੁਗਿਰਦੇ ਦੀ ਸੰਭਾਲ ਲਈ ਪ੍ਰੇਰਿਤ ਕਰਦਾ ਏ। ਉਪ – ਰਾਸ਼ਟਰਪਤੀ ਜਗਦੀਪ ਧਨਖੜ ਨੇ ਆਪਣੇ ਸੁਨੇਹੇ ਕਾਮਨਾ ਕੀਤੀ ਕਿ ਇਹ ਤਿਓਹਾਰ ਸਾਰੀਆਂ ਲਈ ਖੁਸ਼ਹਾਲੀ ਲਈ ਕੇ ਆਵੇ. ਓਹਨਾਂ ਨੇ ਸੂਰਜ ਦੇਵਤਾ ਦੀ ਪੂਜਾ ਦੇ ਇਸ ਤਿਓਹਾਰ ਨੂੰ ਸਦੀਵੀਂ ਰਵਾਇਤ ਦੇ ਜਸ਼ਨ ਦੇ ਨਾਲ – ਨਾਲ, ਕੁਦਰਤ ਨਾਲ ਸਾਡੇ ਡੂੰਘੇ ਤਿਸ਼੍ਤੇ ਦਾ ਝਲਕਾਰਾ ਦੱਸਿਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਅੱਜਛਠ ਪੂਜਾ ਤਿਓਹਾਰ ਦੇ ਤੀਜੇ ਦਿਨ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਛਠ ਸੰਧਿਆ ਅਰਘਿਆ ਤਿਓਹਾਰ ਸਾਦਗੀ, ਸੰਜਮ, ਦ੍ਰਿੜਤਾ ਅਤੇ ਸਮਰਪਣ ਦਾ ਪ੍ਰਤੀਕ ਏ। ਉਨ੍ਹਾਂ ਕਾਮਨਾ ਕੀਤੀ ਕਿ ਇਹ ਤਿਓਹਾਰ, ਸਾਰਿਆਂ ਦੇ ਜੀਵਨ ਵਿੱਚ ਖੁਸ਼ਹਾਲੀ ਅਤੇ ਚੰਗੀ ਕਿਸਮਤ ਲੈ ਕੇ ਆਵੇ।

---------------------------------------------------------

ਆਰਮੀ ਵਾਈਵਜ਼ ਵੈਲਫੇਅਰ ਐਸੋਸੀਏਸ਼ਨ, ਕਲ ਤੋਂ 10 ਨਵੰਬਰ ਤੱਕ ਪੰਚਕੂਲਾ ਸਥਿਤ ਪੱਛਮੀ ਕਮਾਨ ਦੇ ਚੰਡੀਮੰਦਰ ਮਿਲਟਰੀ ਸਟੇਸ਼ਨ

ਵਿਖੇ, ਸਾਹਿਤ ਅਤੇ ਰਚਨਾਤਮਕਤਾ ਦੇ ਤਿੰਨ-ਰੋਜ਼ਾ ਸਮਾਗਮ 'ਅਭਿਵਿਕਤੀ' ਸਾਹਿਤ ਉਤਸਵ ਦਾ ਆਯੋਜਨ ਕਰੇਗੀ। ਉਤਸਵ ਦਾ ਉਦੇਸ਼ ਪ੍ਰਸਿੱਧ ਲੇਖਕਾਂ, ਕਹਾਣੀਕਾਰਾਂ, ਪੱਤਰਕਾਰਾਂ, ਮਸ਼ਹੂਰ ਹਸਤੀਆਂ, ਪ੍ਰਭਾਵਕਾਂ ਅਤੇ ਉਤਸ਼ਾਹੀ ਪਾਠਕਾਂ ਨੂੰ ਇਕੋ ਮੰਚ 'ਤੇ ਇਕੱਠੇ ਕਰਨਾ ਏ , ਜਿਸ ਨਾਲ ਲੋਕਾਂ ਨੂੰ ਇਸ ਉਤਸਾਹੀ ਜਸ਼ਨ ਨਾਲ ਜੁੜਨ ਦਾ ਇੱਕ ਸ਼ਾਨਦਾਰ ਮੌਕਾ ਮਿਲੇਗਾ। ਇਹ ਤਿੰਨ-ਰੋਜ਼ਾ ਸਮਾਗਮ ਸਾਰਿਆਂ ਲਈ ਖੁੱਲ੍ਹਾ ਏ , ਸਭ ਨੂੰ ਕਿਤਾਬਾਂ ਅਤੇ ਵਿਚਾਰਾਂ ਦੀ ਦੁਨੀਆ ਨਾਲ ਜੁੜਨ ਦਾ ਸੱਦਾ ਦਿੰਦਾ ਏ । ਇਸ ਸਾਲ ਦਾ ਥੀਮ, "ਖੋਜ, ਪ੍ਰਗਟਾਵੇ ਅਤੇ ਤਜਰਬੇ ", ਇੱਕ ਦਿਲਚਸਪ ਸਾਹਿਤਕ ਯਾਤਰਾ ਲਈ ਵਚਨਬੱਧਤਾ ਨੂੰ ਦਰਸਾਉਂਦਾ ਏ । ਭਾਗੀਦਾਰਾਂ ਨੂੰ ਮਾਹਰ ਲੇਖਕਾਂ ਦੀਆਂ ਰਚਨਾਵਾਂ ਦੀ ਸਮੀਖਿਆ ਕਰਨ, ਸਬੰਧਤ ਵਿਸ਼ਿਆਂ 'ਤੇ ਵਿਚਾਰ ਕਰਨ ਅਤੇ ਸਾਹਿਤਕ ਮਾਹਰਾਂ ਦੁਆਰਾ ਸਾਂਝੇ ਕੀਤੇ ਤਜ਼ਰਬਿਆਂ ਦੁਆਰਾ ਆਪਣੇ ਆਪ ਨੂੰ ਹੋਰ ਜਾਣਕਾਰ ਬਣਾਉਣ ਦਾ ਮੌਕਾ ਮਿਲੇਗਾ ।

ਸਾਹਿਤਕ ਵਿਚਾਰ-ਵਟਾਂਦਰੇ ਤੋਂ ਇਲਾਵਾ ਦਰਜਨ ਤੋਂ ਵੱਧ ਪੁਸਤਕਾਂ

ਜਾਰੀ ਕਰਨ ਦਾ ਪ੍ਰੋਗਰਾਮ ਹੋਵੇਗਾ, ਜਿਸ ਨਾਲ ਸਾਹਿਤ ਦੇ ਖੇਤਰ ਵਿੱਚ ਉੱਭਰਦੇ ਲੇਖਕਾਂ ਨੂੰ ਇੱਕ ਮੰਚ ਮਿਲੇਗਾ।

---------------------------------------------------------------

ਭਾਰਤੀ ਰੇਲਵੇ ਨੇ ਤਿਓਹਾਰਾਂ ਦੇ ਮੌਕੇ 'ਤੇ, ਰੇਲਗੱਡੀਆਂ ਰਾਹੀਂ ਸਫ਼ਰ ਕਰਨ ਵਾਲੇ ਲੋਕਾਂ ਦੀ ਸਹੂਲਤ ਲਈ ਮਹੱਤਵਪੂਰਨ ਸਟੇਸ਼ਨਾਂ 'ਤੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ ।ਛਠ ਸਮੇਤ ਹੋਰਨਾਂ ਤਿਓਹਾਰਾਂ ਮੌਕੇ , ਭਾਰਤੀ ਰੇਲਵੇ ਵਲੋਂ 7 ਹਜ਼ਾਰ 435 ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ ਇਸ ਲੜੀ ਵਿੱਚ, ਪੰਜਾਬ ਤੋਂ ਚਲਣ ਵਾਲੀਆਂ ਰੇਲ ਗੱਡੀਆਂ ਵੀ ਸ਼ਾਮਿਲ ਨੇ।ਚੰਡੀਗੜ੍ਹ ਜੰਕਸ਼ਨ ਤੋਂ ਅੱਜ ਰਾਤ ਗਿਆਰਾਂ ਵੱਜਕੇ 15 ਮਿੰਟ 'ਤੇ ਚਲਕੇ ਵਿਸ਼ੇਸ਼ ਰੇਲਗੱਡੀ ਵਾਇਆ ਅੰਬਾਲਾ ਛਾਉਣੀ, ਲਖਨਊ ਚਾਰਬਾਗ, ਹੁੰਦੀ ਹੋਈ ਗੋਰਖਪੁਰ ਜੰਕਸ਼ਨ ਪਹੁੰਚੇਗੀ।ਇਸੇ ਤਰਾਂ ਅੰਮ੍ਰਿਤਸਰ ਜੰਕਸ਼ਨਤੋਂ ਦੇਰ ਰਾਤ ਇਕ ਵੱਜਕੇ 50 ਮਿੰਟ ਤੇ ਚਲਕੇ, ਅੰਬਾਲਾ ਕੈਂਟ ਜੰਕਸ਼ਨ. ਅਨੂਪਪੁਰ ਜੰਕਸ਼ਨ, ਰਾਏਪੁਰ ਜੰਕਸ਼ਨ ਹੁੰਦੀ ਹੋਈ ਦੁਰਗ ਜੰਕਸ਼ਨ ਪਹੁੰਚੇਗੀ।ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਦਸਿਆ ਕਿ ਸਟੇਸ਼ਨਾਂ 'ਤੇ ਮੁਸਾਫ਼ਰ ਸੁਵਿਧਾਵਾਂ ਅਤੇ ਰੇਲਗੱਡੀਆਂ ਦੇ ਸਮੇਂ

ਦੀ ਪਾਬੰਦੀ ਦੀ ਨਿਗਰਾਨੀ ਕਰਨ ਲਈ, ਰੇਲਵੇ ਬੋਰਡ, ਜ਼ੋਨਲ ਰੇਲਵੇ ਡਿਵੀਜ਼ਨ ਅਤੇ ਸਟੇਸ਼ਨ ਪੱਧਰ 'ਤੇ ਵਿਸ਼ੇਸ਼ ਕੰਟਰੋਲ ਰੂਮ ਬਣਾਏ ਗਏ ਨੇ ।

---------------------------------------------------------

33ਵਾਂ ਮੇਲਾ ਗ਼ਦਰੀ ਬਾਬਿਆਂ ਦਾ, ਜਲੰਧਰ ਸਥਿਤ ਦੇਸ਼ ਭਗਤ ਯਾਦਗਾਰ ਹਾਲ ਵਿੱਚ ਉਤਸ਼ਾ ਨਾਲ ਜਾਰੀ ਏ । ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਦੱਸਿਆ ਕਿ ਇਸ ਮੇਲੇ ਦੇ ਸਿਖ਼ਰਲੇ ਦਿਨ 9 ਨਵੰਬਰ ਨੂੰ ਸਵੇਰੇ 10 ਵਜੇ, , ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਦੇਵ ਅਰਸ਼ੀ, ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮਅਦਾ ਕਰਨਗੇ । 9 ਨਵੰਬਰ ਨੂੰ ਹੀ ਦੁਪਹਿਰ ਵੇਲੇ, ਵਿਸ਼ਵ ਪ੍ਰਸਿੱਧ ਵਿਦਵਾਨ ਅਰੁੰਧਤੀ ਰਾਏ ਅਤੇ ਨਿਊਜ਼ ਕਲਿੱਕ ਦੇ ਸੰਸਥਾਪਕ ਸੰਪਾਦਕ ਪ੍ਰਬੀਰ ਸੰਬੋਧਨ ਕਰਨਗੇ । ਇਸ ਦਿਨ ਸ਼ਾਮ 4 ਵਜੇ 'ਖੇਤੀ ਅਤੇ ਪਾਣੀ ਸੰਕਟ' ਵਿਸ਼ੇ ਉਪਰ ਕਮੇਟੀ ਦੇ ਨੁਮਾਇਦਿਆਂ ਵੱਲੋਂ ਸੰਬੋਧਨ ਕੀਤਾ ਜਾਵੇਗਾ । ਇਸ ਮਗਰੋਂ ਸਾਰੀ ਰਾਤ, ‘ਪੋਸਟਰ’, ‘ਧਰਤੀ ਦੀ ਧੀ: ਐਟੀਗਨੀ', 'ਗੁੰਮਸ਼ੁਦਾ ਔਰਤ', 'ਰਾਖਾ', 'ਹਨੇਰ ਨਗਰੀ ਅਤੇ ਇਪਟਾ

ਦੇ ਅਵਤਾਰ ਚੜ੍ਹਿਕ ਅਤੇ ਸਾਥੀ  'ਭੰਡ ਮੇਲੇ ਆਏ' ਨਾਟਕ ਪੇਸ਼ ਕਰਨਗੇ । ਇਸ ਤੋਂ ਇਲਾਵਾ ਵੱਖ ਵੱਖ ਦਿਨ ਕਈ ਕਵੀ ਦਰਬਾਰ ਵੀ ਸੱਜਣਗੇ।

---------------------------------------------------------------

ਚੁਗਿਰਦੇ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰਾਲੇ ਨੇ ਪਰਾਲੀ ਸਾੜਨ 'ਤੇ ਜੁਰਮਾਨੇ ਦੁੱਗਣੇ ਕਰ ਦਿੱਤੇ ਨੇ। ਸਰਕਾਰ ਨੇ ਕੱਲ੍ਹ ਨਵੇਂ ਨੇਮ, ਰਾਸ਼ਟਰੀ ਰਾਜਧਾਨੀ ਖੇਤਰ ਅਤੇ ਨਾਲ ਲਗਦੇ ਇਲਾਕਿਆਂ ਵਿੱਚ ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਸੋਧ ਨੇਮਾਂ, 2024 ਨੂੰ ਕੱਲ੍ਹ ਨੋਟੀਫਾਈ ਕੀਤਾ ਏ । ਨਵੇਂ ਨੇਮਾਂ ਮੁਤਾਬਿਕ ਦੋ ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ ਨੂੰ ਹੁਣ ਪਰਾਲੀ ਨੂੰ ਅੱਗ ਲਾਉਣ ਲਈ 5 ਹਜ਼ਾਰ ਰੁਪਏ ਅਦਾ ਕਰਨੇ ਪੈਣਗੇ ਜੋ ਪਹਿਲਾਂ ਢਾਈ ਹਜ਼ਾਰ ਰੁਪਏ ਸਨ । 2 ਤੋਂ 5 ਏਕੜ ਜ਼ਮੀਨ ਵਾਲੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਦੀ ਸੂਰਤ ਵਿਚ 10 ਹਜ਼ਾਰ ਰੁਪਏ ਜੁਰਮਾਨਾ ਦੇਣਾ ਪਵੇਗਾ।

---------------------------------------------------------------

ਮਾਲੇਰਕੋਟਲਾ ਪ੍ਰਸ਼ਾਸਨ ਵੱਲੋਂ ਲਗਾਤਾਰ ਖੇਤਾਂ ਦਾ ਦੌਰਾ ਕੀਤਾ ਜਾ ਰਿਹਾ ਏ  ਤਾਂ ਜੋ ਜ਼ਿਲ੍ਹੇ ਨੂੰ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ

ਘਟਨਾਵਾਂ ਤੋਂ ਮੁਕਤ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਵੱਲੋਂ ਗੁਆਰਾ, ਧੀਰੋ-ਮਾਜਰਾ, ਮੰਨਵੀ ਅਤੇ ਭੁੱਮਸੀ ਵਿਖੇ ਖੇਤਾਂ ਦਾ ਸਾਂਝਾ ਦੌਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਵਾਰ ਪਰਾਲੀ ਸਾੜਨ ਲਈ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਵਰਤੀ ਜਾ ਰਹੀ ਏ ਅਤੇ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਦੇ ਨਿੱਜੀ ਸਹਾਇਕ ਹਰਮਨਦੀਪ ਸਿੰਘ, ਕਲਰਕ ਹਰ-ਸਿਮਰਨਜੀਤ ਸਿੰਘ, ਅਤੇ ਠੇਕਾ ਅਧਾਰ ’ਤੇ ਡਾਟਾ ਐਂਟਰੀ ਆਪਰੇਟਰ ਵਜੋਂ ਤਾਇਨਾਤ ਉਸਦੇ ਸਾਥੀ ਜਗਰੂਪ ਸਿੰਘ, ਖਿਲਾਫ 20 ਹਜ਼ਾਰ ਰਿਸ਼ਵਤ ਦੀ ਮੰਗ ਕਰਨ ਅਤੇ ਲੈਂਣ ਦੇ ਦੋਸ਼ ਹੇਠ ਮੁਕੱਦਮਾ ਦਰਜ ਕੀਤਾ ਏ। ਇਸ ਮਾਮਲੇ ਵਿੱਚ ਹਰਮਨਦੀਪ ਸਿੰਘ PA ਤੇ ਜਗਰੂਪ ਸਿੰਘ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ ਜਦਕਿ ਉਨ੍ਹਾਂ ਦਾ ਤੀਜਾ ਸਾਥੀ ਹਰ ਸਿਮਰਨਜੀਤ

ਸਿੰਘ ਗ੍ਰਿਫ਼ਤਾਰੀ ਤੋਂ ਬਚਦਾ ਹੋਇਆ ਭਗੌੜਾ ਹੋ ਗਿਆ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਦੋਸ਼ੀਆਂ ਨੂੰ ਮੁਹੱਲਾ ਟਾਂਕ ਖੱਤਰੀਆਂ ਦੇ ਰਹਿਣ ਵਾਲੇ ਸੰਦੀਪ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ । ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਮੁਲਜ਼ਮ ਨੇ ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਦੌਰਾਨ ਦਿੱਤੀਆਂ ਗਈਆਂ ਵੀਡੀਓਗ੍ਰਾਫੀ ਸੇਵਾਵਾਂ ਦੇ ਬਿੱਲਾਂ ਨੂੰ ਕਲੀਅਰ ਕਰਨ ਲਈ, ਇਕ ਲਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਦੋਸ਼ੀ ਨੇ 20,000 ਰੁਪਏ ਪਹਿਲੀ ਕਿਸ਼ਤ ਵਜੋਂ ਲਏ ਸਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ । ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਸਬੰਧੀ ਹੋਰ ਪੁੱਛਗਿੱਛ ਜਾਰੀ ਏ ।

---

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹੈ ਕਿ ਅਗਲੇ ਸਾਲ ਜਨਵਰੀ ਤਕ, ਪਾਕਿਸਤਾਨ ਨਾਲ ਲਗਦੀ ਸਰਹੱਦ ‘ਤੇ ਐਂਟੀ ਡਰੋਨ ਸਿਸਟਮ ਲਾਏ ਜਾਣਗੇ ।
- ਪੰਜਾਬ ਦੇ ਮੁੱਖ ਮੰਤਰੀ ਭਗਵਾਨ ਸਿੰਘ ਮਾਨ ਕਲ ਲੁਧਿਆਣਾ ਵਿਖੇ 10 ਹਜ਼ਾਰ ਤੋਂ ਵੱਧ ਸਰਪੰਚਾਂ ਨੂੰ ਅਹੁਦੇ ਦਾ ਹਲਫ਼ ਦਿਵਾਉਣਗੇ ।
- ਪੰਜਾਬ ਸਰਕਾਰ ਨੇ ਡੀ.ਏ.ਪੀ. ਦੀ ਜਮ੍ਹਾਂਖੋਰੀ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਫਿਰੋਜ਼ਪੁਰ ਦਾ ਮੁੱਖ ਖੇਤੀਬਾੜੀ ਅਧਿਕਾਰੀ ਮੁਅੱਤਲ ਕੀਤਾ ।
- ਪੂਜਾ ਦੇ ਤੀਜੇ ਦਿਨ ਅਜੱ ਸ਼ਰਧਾਲੂਆਂ ਨੇ, ਡੁੱਬਦੇ ਸੂਰਜ ਨੂੰ ਅਰਘ ਦਿੱਤਾ -ਰਾਸ਼ਟਰਪਤੀ, ਉਪ-ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਮੌਕੇ ਲੋਕਾਂ ਨੂੰ ਵਧਾਈ ਦਿੱਤੀ ।